**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਖੁੱਲ੍ਹੇ 'ਚ ਸ਼ੌਚ ਜਾਣ ਤੋਂ ਰੋਕਣ ਸਬੰਧੀ ਪ੍ਰਚਾਰ ਵੈਨ ਜ਼ਿਲ੍ਹਾ ਵਾਸੀਆਂ ਨੂੰ ਕਰੇਗੀ ਜਾਗਰੂਕ-ਡੀ.ਸੀ**

**ਸਵੱਛਤਾ ਹੀ ਸੇਵਾ ਤਹਿਤ ਵੈਨ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ**

**ਰੋਜ਼ਾਨਾ 7 ਤੋਂ 10 ਪਿੰਡਾਂ ਨੂੰ ਵੈਨ ਰਾਹੀਂ ਕੀਤਾ ਜਾਵੇਗਾ ਕਵਰ**

ਫਾਜ਼ਿਲਕਾ 15 ਸਤੰਬਰ

ਸਵੱਛਤਾ ਮਿਸ਼ਨ ਤਹਿਤ ਮਨਾਈ ਜਾਣ ਵਾਲੀ ਤੀਜ਼ੀ ਵਰ੍ਹੇਗੰਢ ਦੇ ਸਬੰਧ ਵਿੱਚ ਜ਼ਿਲ੍ਹੇ ਅੰਦਰ ਸਵੱਛਤਾ ਨੂੰ ਮੁੱਖ ਰੱਖਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਵੱਲੋਂ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਪ੍ਰਚਾਰ ਵੈਨ ਰੋਜ਼ਾਨਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ 'ਚ ਪਹੁੰਚ ਕੇ ਸਵੱਛਤਾ ਮਿਸ਼ਨ ਨੂੰ ਨੇਪਰੇ ਚੜ੍ਹਾਉਣ ਸਬੰਧੀ ਜ਼ਿਲ੍ਹਾ ਵਾਸੀਆਂ ਨੂੰ ਜਾਗਰੂਕ ਕਰੇਗੀ। ਇਸ ਦੇ ਨਾਲ-ਨਾਲ ਇਹ ਜਾਗਰੂਕਤਾ ਵੈਨ ਖੁੱਲ੍ਹੇ 'ਚ ਸ਼ੌਚ ਜਾਣ ਤੋਂ ਰੋਕਣ ਲਈ ਲੋਕਾਂ ਨੂੰ ਵੀ ਜਾਗਰੂਕ ਕਰੇਗੀ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਜਾਗਰੂਕਤਾ ਵੈਨ ਰੋਜ਼ਾਨਾ ਜ਼ਿਲ੍ਹੇ ਦੇ ਲਗਭਗ 7 ਤੋਂ 10 ਪਿੰਡਾਂ ਨੂੰ ਕਵਰ ਕਰੇਗੀ ਅਤੇ ਸਵੱਛ ਭਾਰਤ ਮਿਸ਼ਨ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਆਪਣਾ ਯੋਗਦਾਨ ਪ੍ਰਦਾਨ ਕਰੇਗੀ। ਉਨ੍ਹਾਂ ਦੱਸਿਆ ਕਿ ਪਹਿਲੇ ਦਿਨ ਇਹ ਪ੍ਰਚਾਰ ਵੈਨ ਉਪਮੰਡਲ ਜਲਾਲਾਬਾਦ ਦੇ ਵੱਖ-ਵੱਚ ਪਿੰਡਾਂ 'ਚ ਪਹੁੰਚ ਕਰੇਗੀ ਤੇ ਪਿੰਡਾਂ ਵਾਸੀਆਂ ਨੂੰ ਆਪਣੇ ਆਲੇ-ਦੁਆਲੇ ਸਾਫ-ਸਫਾਈ ਰੱਖਣ ਤੇ ਖੁੱਲ੍ਹੇ 'ਚ ਸ਼ੌਚ ਜਾਣ ਤੋਂ ਰੋਕਣ ਸਬੰਧੀ ਜਾਣੂੰ ਕਰਵਾਏਗੀ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆ ਨੂੰ ਸਵੱਛ ਭਾਰਤ ਮਿਸ਼ਨ ਨੂੰ ਸਫਲਤਾਪੂਰਵਕ ਨੇਪਰੇ ਚੜ੍ਹਾਉਣ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਉਣ ਦੀ ਅਪੀਲ ਵੀ ਕੀਤੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ(ਵਿ) ਸ੍ਰੀ ਰਣਬੀਰ ਸਿੰਘ ਮੁੱਧਲ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਮੰਡਲ ਫਾਜ਼ਿਲਕਾ ਦੇ ਕਾਰਜਕਾਰੀ ਇੰਜੀਨੀਅਰ ਸ੍ਰੀ ਰਵਿੰਦਰ ਕੁਮਾਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਫੋਟੋ ਕੈਪਸ਼ਨ: ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਸਵੱਛਤਾ ਹੀ ਸੇਵਾ ਤਹਿਤ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਦੇ ਹੋਏ